15ਵੀਂ ਵਿਧਾਨ ਸਭਾ
ਵਿਸ਼ੇਸ਼ ਨੌਵਾਂ ਸਮਾਗਮ

ਪੰਜਾਬ ਵਿਧਾਨ ਸਭਾ ਸਕੱਤਰੇਤ
(ਵਿਧਾਨ ਸ਼ਾਖਾ)

ਨੰ: 55-ਐਲ ਏ-2019/_____

ਨੋਟਿਸ ਪ੍ਰਾਪਤ ਹੋਇਆ ਹੈ ਕਿ ਨਿਮਨਲਿਖਤ ਮਤਾ ਬੁੱਧਵਾਰ, 6 ਨਵੰਬਰ, 2019 ਨੂੰ ਸੰਸਦੀ ਮਾਮਲਿਆਂ ਦੇ ਮੰਤਰੀ ਦੁਆਰਾ ਪੇਸ਼ ਕੀਤਾ ਜਾਵੇਗਾ ਕਿ:-

"ਇਹ ਸਦਨ ਸੰਕਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ ਦੇ ਚਾਲੂ ਸਮਾਗਮ ਜੋ ਕੁੱਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਸਮਾਗਮ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮਕਾਰ ਜਿਸ ਵਿਚ ਪ੍ਰਸ਼ਨ , ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਅਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ।"

ਚੰਡੀਗੜ੍ਹ:
5 ਨਵੰਬਰ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ।

ਸੇਵਾ ਵਿਚ

ਪੰਜਾਬ ਵਿਧਾਨ ਸਭਾ ਦੇ ਸਮੂਹ ਮੈਂਬਰ ਸਾਹਿਬਾਨ ।

---

ਨੰ: 55-ਐਲ-ਏ.-2019/........................,ਮਿਤੀ ਚੰਡੀਗੜ੍ਹ, 5 ਨਵੰਬਰ, 2019

ਕਾਪੀ ਨਿਮਨਲਿਖਤ ਨੂੰ ਸੂਚਨਾ ਲਈ ਭੇਜੀ ਜਾਂਦੀ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ;
2. ਸਾਰੇ ਵਧੀਕ ਮੁੱਖ ਸਕੱਤਰ/ਵਿੱਤ ਕਮਿਸ਼ਨਰ/ਪ੍ਰਮੁੱਖ ਸਕੱਤਰ/ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ; ਅਤੇ
3. ਪ੍ਰਮੱਖ ਸਕੱਤਰ, ਪੰਜਾਬ ਸਰਕਾਰ, ਸੰਸਦੀ ਮਾਮਲੇ ਵਿਭਾਗ (ਚਾਰ ਵਾਧੂ ਕਾਪੀਆਂ ਸਮੇਤ)।

ਬਲਬੀਰ ਕੌਰ
ਅਧੀਨ ਸਕੱਤਰ,
ਵਾਸਤੇ ਸਕੱਤਰ।

Attested
ਗ.ਕੌਰ
Superintendent
Punjab Vidhan Sabha
Chandigarh

Scanned by CamScanner